# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

ਕੇਂਦਰੀ ਬਿਜਲੀ ਮੰਤਰੀ ਮਨੋਹਰ ਲਾਲ ਨੇ ਸਪੱਸ਼ਟ ਕੀਤਾ ਏ ਕਿ ਪ੍ਰੀਪੇਡ ਇਲੈਕਟ੍ਰਿਕ ਸਮਾਰਟ ਮੀਟਰ ਸਾਰੇ ਖਪਤਕਾਰਾਂ ਲਈ ਲਾਜ਼ਮੀ ਨਹੀਂ ਹਨ। ਅੱਜ ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਜ਼ਿਮਨੀ ਸਵਾਲਾਂ ਦੇ ਜਵਾਬ ਦਿੰਦਿਆਂ, ਸ਼੍ਰੀ ਲਾਲ ਨੇ ਕਿਹਾ ਕਿ ਜੇਕਰ ਖਪਤਕਾਰ ਪ੍ਰੀਪੇਡ ਸਮਾਰਟ ਮੀਟਰਾਂ ਦੀ ਚੋਣ ਕਰਦੇ ਨੇ, ਤਾਂ ਇਸ ਨਾਲ ਨਾ ਸਿਰਫ਼ ਖਪਤਕਾਰਾਂ ਨੂੰ ਸਗੋਂ ਰਾਜਾਂ ਅਤੇ ਬਿਜਲੀ ਕੰਪਨੀਆਂ ਨੂੰ ਵੀ ਫਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਕਈ ਰਾਜਾਂ ਨੇ ਸਮਾਰਟ ਪ੍ਰੀਪੇਡ ਮੀਟਰ ਲਾਏ ਨੇ.ਮੰਤਰੀ ਨੇ ਇਹ ਵੀ ਸਪੱਸ਼ਟ ਕੀਤਾ ਕਿ ਪ੍ਰੀਪੇਡ ਇਲੈਕਟ੍ਰਿਕ ਸਮਾਰਟ ਮੀਟਰ ਕਿਸੇ ਵੀ ਖਪਤਕਾਰ 'ਤੇ ਜ਼ਬਰਦਸਤੀ ਨਹੀਂ ਲਾਏ ਜਾ ਰਹੇ ਨੇ, ਕਿਉਂਕਿ ਇਹ ਵਿਕਲਪਿਕ ਏ । ਉਨ੍ਹਾਂ ਕਿਹਾ ਕਿ ਜਿੱਥੇ ਵੀ ਪ੍ਰੀਪੇਡ ਸਿਸਟਮ ਲਾਗੂ ਕੀਤੇ ਗਏ ਨੇ, ਕੰਪਨੀਆਂ ਦੇ ਘਾਟੇ ਨੂੰ ਖਤਮ ਕਰ ਦਿੱਤਾ ਗਿਆ ਏ, ਅਤੇ ਉਹ ਮੁਨਾਫਾ ਕਮਾ ਰਹੀਆਂ ਨੇ. ਮੰਤਰੀ ਨੇ ਦੱਸਿਆ ਕਿ ਇਸ ਵੇਲੇ ਬਿਜਲੀ ਵੰਡ ਕੰਪਨੀਆਂ ਦਾ ਘਾਟਾ ਲਗਭਗ ਸੱਤ ਲੱਖ ਕਰੋੜ

ਰੁਪਏ ਤੱਕ ਪਹੁੰਚ ਗਿਆ ਏ – byte –MANOHAR-LAL-SMART-METER- 26 sec ਉਨ੍ਹਾਂ ਇਹ ਵੀ ਕਿਹਾ ਕਿ, ਸਹੀ ਬਿੱਲ ਇਕੱਠਾ ਕਰਨ ਨੂੰ ਯਕੀਨੀ ਬਣਾਉਣ ਲਈ ਪ੍ਰੀਪੇਡ ਸਮਾਰਟ ਮੀਟਰ ਸ਼ੁਰੂ ਕੀਤੇ ਜਾ ਰਹੇ ਨੇ.

---------------------------------------------------------

ਪੰਜਾਬ ਨੇ ਕੱਲ੍ਹ ਆਪਣਾ ਪਹਿਲਾ ਜਾਤੀ-ਸਮਾਜਿਕ-ਆਰਥਿਕ ਸਰਵੇਖਣ ਸ਼ੁਰੂ ਕੀਤਾ ਏ। ਇਸ ਅਭਿਆਸ ਦਾ ਉਦੇਸ਼ ਪੂਰੀ ਪੂਰੀ ਜਾਣਕਾਰੀ ਨੂੰ ਗੁਪਤ ਰੱਖਦੇ ਹੋਏ ਸਾਰੇ ਭਾਈਚਾਰਿਆਂ ਦੇ ਜੀਵਨ ਪੱਧਰ ਦਾ ਮੁਲਾਂਕਣ ਕਰਨਾ ਏ। ਇਹ ਬਰਾਬਰੀ ਅਤੇ ਨਿਸ਼ਾਨਾਬੱਧ ਨੀਤੀ ਨਿਰਮਾਣ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਸਰਕਾਰੀ ਸੂਤਰਾਂ ਨੇ ਦੱਸਿਆ ਕਿ ਸਰਵੇਖਣ ਲਈ 250 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਏ। ਸੂਬੇ ਭਰ ਤੋਂ ਡੇਟਾ ਇਕੱਠਾ ਕਰਨ ਲਈ 28 ਹਜ਼ਾਰ ਗਿਣਤੀਕਾਰ ਤਾਇਨਾਤ ਕੀਤੇ ਜਾਣਗੇ। ਸਰਵੇਖਣ ਤਿੰਨ ਮਹੀਨਿਆਂ ਵਿੱਚ ਪੂਰਾ ਹੋਣ ਦੀ ਸੰਭਾਵਨਾ ਏ ।

---------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਸ੍ਰੀ ਮੁਕਤਸਰ ਸਾਹਿਬ ਜ਼ਿਲੇ 'ਚ ਮਲੋਟ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਭਾਰੀ ਗੜ੍ਹੇਮਾਰੀ ਕਾਰਣ ਹੋਏ ਨੁਕਸਾਨ ਦਾ ਮੌਕੇ ‘ਤੇ ਜਾਇਜ਼ਾ ਲਿਆ ।

ਇਸ ਦੌਰਾਨ ਉਨ੍ਹਾਂ ਨੇ ਪਿੰਡ ਲੱਖੇਵਾਲੀ, ਲੱਕੜਵਾਲਾ, ਸ਼ੇਰੇਆਲਾ, ਨੰਦਗੜ੍ਹ, ਗੰਧੜ੍ਹ, ਭੁਲੇਰੀਆਂ ਅਤੇ ਭਾਗਸਰ ਵਿਖੇ ਪ੍ਰਭਾਵਿਤ ਕਿਸਾਨਾਂ ਨਾਲ ਮੁਲਾਕਾਤ ਕੀਤੀ ਅਤੇ ਨੁਕਸਾਨੀਆਂ ਗਈਆਂ ਫ਼ਸਲਾਂ ਦਾ ਜਾਇਜ਼ਾ ਲਿਆ। ਕੈਬਨਿਟ ਮੰਤਰੀ ਨੇ ਮੌਕੇ ‘ਤੇ ਮੌਜੂਦ ਅਧਿਕਾਰੀਆਂ ਨੂੰ ਤੁਰੰਤ ਗਿਰਦਾਵਰੀ ਕਰਨ ਦੇ ਨਿਰਦੇਸ਼ ਜਾਰੀ ਕਰਦੇ ਹੋਏ ਕਿਹਾ ਕਿ ਪ੍ਰਭਾਵਿਤ ਕਿਸਾਨਾਂ ਨੂੰ ਜਲਦ ਤੋਂ ਜਲਦ ਬਣਦਾ ਮੁਆਵਜ਼ਾ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਨੇ ਕਿਸਾਨ ਭਰਾਵਾਂ ਵੱਲੋਂ ਪਹਿਲਾਂ ਦੇ ਬਕਾਇਆ ਮੁਆਵਜ਼ੇ ਸੰਬੰਧੀ ਉਠਾਈ ਗਈ ਮੰਗ ਨੂੰ ਵੀ ਗੰਭੀਰਤਾ ਨਾਲ ਲੈਂਦਿਆਂ ਉਸਦੀ ਪੈਰਵਾਈ ਕਰਨ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਇਸ ਸਬੰਧੀ ਰਿਪੋਰਟ ਅਗਲੇ ਦਿਨਾਂ ਵਿੱਚ ਪ੍ਰਾਪਤ ਹੋ ਜਾਵੇਗੀ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਪ੍ਰਭਾਵਿਤ ਪਰਿਵਾਰਾਂ ਦੇ ਨਾਲ ਖੜੀ ਏ ਅਤੇ ਹਰ ਸੰਭਵ ਮਦਦ ਯਕੀਨੀ ਬਣਾਈ ਜਾਵੇਗੀ।

---------------------------------------------------

ਗੁਰਦਾਸਪੁਰ ਦੀ 'ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਵਿੱਚ ਹੁਨਰ ਸਿਖਲਾਈ ਤਹਿਤ ਡਰੋਨ ਉਡਾਉਣ ਦੀ ਟ੍ਰੇਨਿੰਗ ਦਿੱਤੀ ਜਾਵੇਗੀ ਜਿਸ ਨਾਲ ਨੋਜਵਾਨਾ ਨੂੰ ਰੋਜਗਾਰ ਦੇ ਮੌਕੇ ਵੀ ਮਿਲਣਗੇ । ਸੋਨਾਲੀ ਸਿਨਹਾ ਅਤੇ ਕੈਪਟਨ ਹਰੀਸ਼ ਨੇ ਦੱਸਿਆ ਕੇ ਇਸ ਅਜੋਕੇ ਸਮੇਂ

ਵਿੱਚ ਖੇਤੀਬਾੜੀ ਅਤੇ ਉਦਯੋਗਿਕ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਲਈ ਡਰੋਨ ਤਕਨਾਲੋਜੀ ਇੱਕ ਅਹਿਮ ਭੂਮਿਕਾ ਨਿਭਾ ਰਹੀ ਏ। ਇਸੇ ਵਿਸ਼ੇ 'ਤੇ ਡਰੋਨ ਲੈਬ ਵਿਖੇ ਮਾਹਿਰਾਂ ਵੱਲੋਂ ਡਰੋਨ ਦੀਆਂ ਵੱਖ-ਵੱਖ ਕਿਸਮਾਂ ਅਤੇ ਉਨ੍ਹਾਂ ਦੇ ਲਾਭਾਂ ਬਾਰੇ ਵਿਸਥਾਰ 'ਚ ਜਾਣਕਾਰੀ ਸਾਂਝੀ ਕੀਤੀ । BYTE:RNU020326

FPV ਡਰੋਨ ਇਹ ਡਰੋਨ ਹਾਈ-ਸਪੀਡ ਫੋਟੋਗ੍ਰਾਫੀ ਅਤੇ ਵੀਡੀਓਗ੍ਰਾਫੀ ਲਈ ਵਰਤੇ ਜਾਂਦੇ ਨੇ, ਜੋ ਮੁਸ਼ਕਿਲ ਕੋਣਾਂ ਤੋਂ ਵੀ ਸਪਸ਼ਟ ਤਸਵੀਰਾਂ ਲੈਣ ਦੇ ਸਮਰੱਥ ਨੇ। ਡਰੋਨ ਤਕਨਾਲੋਜੀ ਦੇ ਖੇਤਰ ਵਿੱਚ ਖਾਸ ਕਰਕੇ ਖੇਤੀਬਾੜੀ ਸਰਵਿਸ ਪ੍ਰੋਵਾਈਡਰ ਦੇ ਤੋਰ ਤੇ ਅਤੇ ਹੋਰ ਵੀ ਕਈ ਖੇਤਰਾਂ ਵਿੱਚ ਇਹ ਟ੍ਰੇਨਿੰਗ ਕਰਕੇ ਨੌਜਵਾਨ ਰੋਜ਼ਗਾਰ ਤੇ ਲੱਗ ਸਕਦੇ ਨੇ ਅਤੇ ਖੁਦ ਦਾ ਵੀ ਆਪਣਾ ਕਾਰੋਬਾਰ ਕਰ ਸਕਦੇ ਨੇ ।

---------------------------------------------------------

ਪਟਿਆਲਾ ਪੁਲਿਸ ਨੇ ਇੱਕ ਅੰਤਰ-ਰਾਜੀ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਅਤੇ 10 ਆਧੁਨਿਕ ਹਥਿਆਰਾਂ ਸਮੇਤ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ । ਮੁੱਢਲੀ ਜਾਂਚ ਤੋਂ ਪਤਾ ਲਗਿਆ ਏ ਕਿ ਮੁਲਜ਼ਮ ਬਿਹਾਰ ਤੋਂ ਦੇਸੀ ਹਥਿਆਰ ਲਿਆ ਕੇ ਪੰਜਾਬ ਵਿੱਚ ਅਪਰਾਧਿਕ ਗਤੀਵਿਧੀਆਂ ਲਈ ਸਪਲਾਈ ਕਰ ਰਹੇ ਸਨ। ਇੱਕ ਮਾਮਲਾ ਦਰਜ ਕਰ ਲਿਆ ਗਿਆ ਏ

ਅਤੇ ਅਗਲੇਰੀ ਜਾਂਚ ਜਾਰੀ ਏ

------------------------------------------------------

ਸ਼ਾਹਕੋਟ ਦੇ ਸਬ ਡਿਵੀਜ਼ਨਲ ਮੈਜਿਸਟ੍ਰੇਟ ਆਦਿੱਤਿਆ ਗੁਪਤਾ ਨੇ ਹਾਲ ਹੀ ਵਿੱਚ ਚੰਡੀਗੜ੍ਹ ਗੋਲਫ ਕਲੱਬ ਵਿਖੇ ਆਯੋਜਿਤ ਜੂਰਿਸਟਸ ਐਂਡ ਸਿਵਲ ਸਰਵਿਸਿਜ਼ ਗੋਲਫ ਟੂਰਨਾਮੈਂਟ ਵਿੱਚ ਓਵਰਆਲ ਟਰਾਫੀ ਜਿੱਤੀ ਏ । ਇਸ ਟੂਰਨਾਮੈਂਟ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਸਮੇਤ ਉੱਤਰੀ ਭਾਰਤੀ ਰਾਜਾਂ ਦੇ 90 ਤੋਂ ਵੱਧ ਸਿਵਲ ਸੇਵਕਾਂ ਅਤੇ ਨਿਆਂਇਕ ਅਧਿਕਾਰੀਆਂ ਨੇ ਹਿਸਾ ਲਿਆ। ਸ਼੍ਰੀ ਗੁਪਤਾ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਜੇਤੂ ਰਹੇ। ਉਨ੍ਹਾਂ ਦੀ ਪ੍ਰਾਪਤੀ ਤੋਂ ਬਾਅਦ, ਉਨ੍ਹਾਂ ਨੂੰ ਜਲੰਧਰ ਦੇ ਡਿਵੀਜ਼ਨਲ ਕਮਿਸ਼ਨਰ, ਰਾਮਵੀਰ ਅਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਵਧਾਈ ਦਿੱਤੀ। ਸ਼੍ਰੀ ਗੁਪਤਾ ਪਿਛਲੇ 15 ਸਾਲਾਂ ਤੋਂ ਇੰਡੀਅਨ ਨੈਸ਼ਨਲ ਗੋਲਫ ਟੂਰ 'ਤੇ ਖੇਡ ਰਹੇ ਹਨ। ਉਹ ਇਸ ਸਮੇਂ ਇੰਡੀਅਨ ਗੋਲਫ ਯੂਨੀਅਨ ਵਲੋਂ ਜਾਰੀ ਰਾਸ਼ਟਰੀ ਖਿਡਾਰੀਆਂ ਦੀ ਮੈਰਿਟ ਸੂਚੀ ਵਿੱਚ ਸ਼ਾਮਲ ਨੇ ।

------------------------------------------------------

IPL ਕ੍ਰਿਕਟ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਅੱਜ ਸ਼ਾਮ ਸਾਢੇ 7 ਵਜੇ ਕੋਲਕਾਤਾ ਦੇ ਈਡਨ ਗਾਰਡਨ ਵਿੱਚ ਸਨਰਾਈਜ਼ਰਸ

ਹੈਦਰਾਬਾਦ ਨਾਲ ਹੋਵੇਗਾ ।
ਕੱਲ੍ਹ, ਦਿੱਲੀ ਕੈਪੀਟਲਜ਼ ਨੇ ਲਖਨਊ ਦੇ ਭਾਰਤ ਰਤਨ ਸ਼੍ਰੀ ਅਟਲ ਬਿਹਾਰੀ ਵਾਜਪਾਈ ਏਕਾਨਾ ਸਟੇਡੀਅਮ ਵਿੱਚ ਟੂਰਨਾਮੈਂਟ ਦੇ 5ਵੇਂ ਮੈਚ ਵਿੱਚ ਲਖਨਊ ਸੁਪਰ ਜਾਇੰਟਸ ਨੂੰ ਛੇ ਵਿਕਟਾਂ ਨਾਲ ਹਰਾਇਆ।

------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 1 ਵੱਜਕੇ 40 ਮਿੰਟ 'ਤੇ**

**ਨਮਸਕਾਰ !**